# ਚੋਣਕਾਰ ਰਜਿਸਟਰੇਸ਼ਨ ਅਫਸਰ, 092-ਬਠਿੰਡਾ (ਸ਼ਹਿਰੀ)
# -ਕਮ- ਉਪ ਮੰਡਲ ਮੈਜਿਸਟਰੇਟ, ਬਠਿੰਡਾ

**(Room No. 316, 2nd Floor, Mini Secretariat, Bathinda) E-Mail ID :- ero-92@punjab.gov.in**

ਪੱਤਰ ਨੰ:780......./ਚੋਣਾਂ 2025 ਮਿਤੀ 22/12/2025

ਵੱਲ

01. ਸਮੂਹ ਬੀ.ਐਲ.ਓਜ਼,
092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ।

ਵਿਸ਼ਾ :- ਨਗਰ ਨਿਗਮ ਦੀਆਂ ਅਗਾਊਂ ਚੋਣਾਂ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਾਲ 2026 ਵਿੱਚ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ। ਇਨ੍ਹਾਂ ਚੋਣਾਂ ਲਈ ਵਿਧਾਨ ਸਭਾ ਵੋਟਰ ਸੂਚੀਆਂ ਦਾ ਡਾਟਾ ਲੈਕੇ ਵੋਟਰ ਸੂਚੀਆਂ ਬਣਾਈਆਂ ਜਾਣੀਆਂ ਹਨ। ਇਸ ਲਈ ਮੌਜੂਦਾ ਵੋਟਰ ਸੂਚੀਆਂ ਨੂੰ ਮਿਤੀ:31-12-2025 ਤੱਕ ਹਰੇਕ ਬੀ.ਐਲ.ਓ. ਵਲੋਂ ਆਪਣੇ ਆਪਣੇ ਬੂਥ ਤੇ ਕੈਂਪ ਲਗਾ ਕੇ ਅਪਡੇਟ ਕੀਤਾ ਜਾਣਾ ਹੈ, ਨਵੀਆਂ ਵੋਟਾਂ ਬਣਾਈਆਂ ਜਾਣੀਆਂ ਹਨ।

ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ:23-12-2025 ਤੋਂ 31-12-2025 ਤੱਕ ਆਪਣੇ ਆਪਣੇ ਬੂਥਾਂ ਤੇ ਕੈਂਪ ਲਗਾਏ ਜਾਣ ਅਤੇ ਨਵੀਆਂ ਵੋਟਾਂ ਬਣਾਈਆਂ ਜਾਣ। ਕੈਂਪ ਸਵੇਰੇ 09 ਵਜੇ ਤੋਂ ਸ਼ਾਮ 05 ਵਜੇ ਤੱਕ ਲਗਾਇਆ ਜਾਵੇ। ਜੇਕਰ ਕੋਈ ਕਰਮਚਾਰੀਆਂ ਆਪਣੀ ਡਿਊਟੀ ਤੋਂ ਗੈਰ-ਹਾਜ਼ਰ ਪਾਇਆ ਜਾਂਦਾ ਹੈ ਤਾਂ ਉਸਦੇ ਖਿਲਾਫ ਲੋਕ ਪ੍ਰਤੀਨਿਧਤਾ ਐਕਟ 1950 ਦੀ ਧਾਰਾ 32 ਅਧੀਨ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸਤੋਂ ਇਲਾਵਾ ਵੋਟਰ ਸੂਚੀ ਵਿੱਚ ਜਿਹੜੇ ਵੋਟਰਾਂ ਦੀਆਂ ਫੋਟੋਆਂ ਬਲੱਰ/ਧੁੰਦਲੀਆਂ, ਪੁਰਾਣੀਆਂ ਹਨ, ਉਨ੍ਹਾਂ ਵੋਟਰਾਂ ਦੀਆਂ ਨਵੀਆਂ ਫੋਟੋਆਂ ਲਗਾ ਕੇ ਫਾਰਮ 8 ਭਰਵਾ ਦਿੱਤੇ ਜਾਣ।

ਇਸ ਨੂੰ ਅਤਿ ਜ਼ਰੂਰੀ ਸਮਝਿਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
-ਕਮ-ਉਪ ਮੰਡਲ ਮੈਜਿਸਟਰੇਟ,
ਬਠਿੰਡਾ।

ਪਿੱਠ ਅੰਕਣ ਨੰ:781-84 ਮਿਤੀ:22/12....../2025

ਇਸ ਦਾ ਇੱਕ ਉਤਾਰਾ:

1. ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਸੂਚਨਾਂ ਹਿਤ,
2. ਸਮੂਹ ਸੈਕਟਰ ਅਫਸਰ, 092 ਬਠਿੰਡਾ (ਸ਼ਹਿਰੀ) ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਬੀ.ਐਲ.ਓਜ਼ ਨੂੰ ਉਕਤ ਹਦਾਇਤਾਂ ਅਨੁਸਾਰ ਪਾਬੰਦ ਕਰ ਦਿੱਤਾ ਜਾਵੇ ਅਤੇ ਕੈਂਪਾਂ ਦੌਰਾਨ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ।
3. ਸਮੂਹ ਵਿਭਾਗਾਂ ਦੇ ਮੁਖੀਆਂ ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ 092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ ਵਿਖੇ ਬੀ.ਐਲ.ਓ. ਦੀ ਡਿਊਟੀ ਨਿਭਾ ਰਹੇ ਕਰਮਚਾਰੀਆਂ ਨੂੰ ਮਿਤੀ:23-12-2025 ਤੋਂ 31-12-2025 ਤੱਕ ਵਿਭਾਗੀ ਡਿਊਟੀ ਤੋਂ ਫਾਰਗ ਕੀਤਾ ਜਾਵੇ ਅਤੇ ਬੀ.ਐਲ.ਓ. ਡਿਊਟੀ ਲਈ ਪਾਬੰਦ ਕੀਤਾ ਜਾਵੇ।
4. ਸਮੂਹ ਵਿਭਾਗਾਂ ਦੇ ਬਿਲਡਿੰਗ ਮੁਖੀਆਂ ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਜਿਹੜੀਆਂ ਬਿਲਡਿੰਗਾਂ ਵਿੱਚ ਇਸ ਹਲਕੇ ਦੇ ਬੂਥ ਬਣਾਏ ਹੋਏ ਹਨ, ਉਨ੍ਹਾਂ ਬਿਲਡਿੰਗਾਂ ਨੂੰ ਮਿਤੀ:23-12-2025 ਤੋਂ 31-12-2025 ਤੱਕ ਸਵੇਰੇ 09 ਵਜੇ ਤੋਂ ਸ਼ਾਮ 05 ਵਜੇ ਤੱਕ ਖੁੱਲਾ ਰੱਖਿਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ
ਪਿੱਠ ਅੰਕਣ ਨੰ:ਸੀ-4/(2025)/6044 ਮਿਤੀ: 23/12/25
ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ (092 ਬਠਿੰਡਾ) ਨੂੰ, ਉਕਤ ਪੱਤਰ ਅਨੁਸਾਰ ਕਰਨ ਹਦਾਇਤਾਂ ਦੀ ਪਾਲਣਾ ਹਿੱਤ ਭੇਜਿਆ ਜਾਂਦਾ।

23/12
ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ।
23/12/25